CODE : 01/A

601/A

250925

Roll No. : ......................................

Total No. of Questions : 10 ] [ Total No. of Printed Pages : 4

X

2325

ਸਲਾਨਾ ਪਰੀਖਿਆ ਪ੍ਰਣਾਲੀ

# PUNJABI

## Paper : A

(Morning Session)

Time Allowed : 3 Hours Maximum Marks : 65

ਨੋਟ : *(i)* ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ 01/A ਜ਼ਰੂਰ ਦਰਜ ਕਰੋ।

*(ii)* ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 24 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ।

*(iii)* ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ।

*(iv)* ਕੋਈ ਵਾਧੂ ਸ਼ੀਟ ਨਹੀਂ ਮਿਲੇਗੀ। ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ।

*(v)* ਸਾਰੇ ਪ੍ਰਸ਼ਨ ਜ਼ਰੂਰੀ ਹਨ।

*(vi)* ਪ੍ਰਸ਼ਨ-ਪੱਤਰ ਵਿੱਚ ਕੁੱਲ 10 ਪ੍ਰਸ਼ਨ ਹਨ।



www.mseducationtv.com

Scanned with OKEN Scanner

1. ਵਸਤੂਨਿਸ਼ਠ ਪ੍ਰਸ਼ਨ :

ਭਾਗ - ੳ $4 \times 2 = 8$

(ੳ) ਕਿਸ ਕਵੀ ਦੀ ਰਚਨਾ ਨੂੰ 'ਗੁਰਬਾਣੀ ਦੀ ਕੁੰਜੀ' ਕਿਹਾ ਜਾਂਦਾ ਹੈ? 2

(ਅ) ਰਾਂਝੇ ਦੇ ਭਰਾਵਾਂ ਨੇ ਰਾਂਝੇ ਨੂੰ ਕਿਹੋ-ਜਿਹੀ ਜ਼ਮੀਨ ਦਿੱਤੀ? 2

(ੲ) 'ਘਰ ਦਾ ਪਿਆਰ' ਲੇਖ ਕਿਸ ਲੇਖਕ ਦੀ ਰਚਨਾ ਹੈ? 2

(ਸ) ਮਨੁੱਖ ਦੀ ਆਤਮਾ ਦਾ ਵਧੀਆ-ਘਟੀਆ ਹੋਣਾ ਕਿੱਥੋਂ ਦਿਸ ਪੈਂਦਾ ਹੈ? 2

ਭਾਗ - ਅ $4 \times 2 = 8$

(ਹ) ਬਲਵੰਤ ਰਾਏ ਨੂੰ ਵਲਾਇਤ ਰਹਿੰਦਿਆਂ ਕਿੰਨੇ ਸਾਲ ਹੋ ਗਏ ਸਨ? 2

(ਕ) ਹੁਸ਼ਨਾਕ ਸਿੰਘ ਲਾਜ ਦਾ ਕੀ ਲੱਗਦਾ ਸੀ? 2

(ਖ) 'ਸਮੁੰਦਰੋਂ ਪਾਰ' ਇਕਾਂਗੀ ਦੇ ਇਕਾਂਗੀਕਾਰ ਦਾ ਨਾਂ ਲਿਖੋ। 2

(ਗ) ਕੀ ਪੜ੍ਹ ਕੇ ਔਰੰਗਜ਼ੇਬ ਪਛਤਾਵੇ ਨਾਲ਼ ਭਰ ਗਿਆ? 2

ਭਾਗ - ੲ $2 \times 2 = 4$

(ਘ) 'ਇੱਕ ਹੋਰ ਨਵਾਂ ਸਾਲ' ਨਾਵਲ ਕਿਸ ਨਾਵਲਕਾਰ ਦੀ ਰਚਨਾ ਹੈ ? 2

(ਙ) ਬਚਪਨ ਵਿੱਚ ਬੰਤਾ ਕਿਸ ਕੋਲ਼ੋਂ ਬਾਤਾਂ ਸੁਣਨ ਦਾ ਅਨੰਦ ਲੈਂਦਾ ਸੀ ? 2

2. ਹੇਠ ਲਿਖੇ ਕਾਵਿ-ਬੰਦਾਂ ਵਿੱਚੋਂ ਕਿਸੇ ਇੱਕ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ : $2 + 3 = 5$

(ੳ) ਸਾਢੇ ਤਿੰਨ ਹੱਥ ਮਿਲਖ ਤੁਸਾਡਾ,
ਏਡੀ ਤੂੰ ਤਾਣ ਨਾ ਤਾਣੁ।
ਸੁਇਨਾ ਰੁਪਾ ਤੇ ਮਾਲ ਖ਼ਜ਼ੀਨਾ,
ਹੋਇ ਰਹਿਆ ਮਿਹਮਾਨੁ।

(ਅ) ਲੱਖ ਨਗਾਰੇ ਵੱਜਨ ਆਮ੍ਹੋ ਸਾਮ੍ਹਣੇ ॥
ਰਾਕਸ ਰਣੋ ਨ ਭੱਜਣ ਰੋਹੇ ਰੋਹਲੇ ॥
ਸੀਹਾਂ ਵਾਂਗੂ ਗੱਜਣ ਸੱਭੇ ਸੂਰਮੇ ॥
ਤਣਿ ਤਣਿ ਕੈਬਰ ਛੱਡਨ ਦੁਰਗਾ ਸਾਮ੍ਹਣੇ ॥


www.mseducationtv.com
Scanned with OKEN Scanner

3. ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ ਇੱਕ ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ : 4

(ੳ) ਤੂੰ ਮੇਰਾ ਪਿਤਾ ਤੂੰ ਹੈ ਮੇਰਾ ਮਾਤਾ (ਗੁਰੂ ਅਰਜਨ ਦੇਵ ਜੀ)

(ਅ) ਮਾਂ-ਪੁੱਤ ਦਾ ਮੇਲ਼ (ਕਾਦਰਯਾਰ)

4. ਹੇਠ ਲਿਖੇ ਵਾਰਤਕ ਲੇਖਾਂ ਵਿੱਚੋਂ ਕਿਸੇ ਇੱਕ ਲੇਖ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ : 6

(ੳ) ਰਬਾਬ ਮੰਗਾਉਣ ਦਾ ਵਿਰਤਾਂਤ (ਗਿਆਨੀ ਦਿੱਤ ਸਿੰਘ)

(ਅ) ਤੁਰਨ ਦਾ ਹੁਨਰ (ਡਾ. ਨਰਿੰਦਰ ਸਿੰਘ ਕਪੂਰ)

5. ਵਾਰਤਕ ਲੇਖਾਂ ਦੇ ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕੋਈ ਦੋ ਪ੍ਰਸ਼ਨਾਂ ਦੇ ਉੱਤਰ ਆਪਣੀ ਪਾਠ-ਪੁਸਤਕ ਦੇ ਆਧਾਰ 'ਤੇ ਲਿਖੋ : $2 \times 2 = 4$

(ੳ) ਘਰ ਮਨੁੱਖ ਦੇ ਨਿੱਜੀ ਵਲਵਲਿਆਂ ਤੇ ਸ਼ਖ਼ਸੀ ਰਹਿਣੀ ਦਾ ਕੇਂਦਰ ਕਿਵੇਂ ਹੁੰਦਾ ਹੈ? 2

(ਅ) ਪ੍ਰਾਰਥਨਾ ਕਰਨ ਨਾਲ਼ ਕੈਦੀ ਦੇ ਵਿਹਾਰ ਵਿੱਚ ਕਿਹੋ-ਜਿਹੀ ਤਬਦੀਲੀ ਆਈ? 2

(ੲ) ਕਾਲੀਦਾਸ ਨੂੰ ਹਰ ਪ੍ਰਾਂਤ ਤੇ ਜਾਤੀ ਦੇ ਲੋਕ ਆਪਣਾ ਕਿਉਂ ਦੱਸਦੇ ਹਨ? 2

(ਸ) ਪੁਰਾਣੇ ਸਮੇਂ ਵਿੱਚ ਭਲਵਾਨ ਕਿਵੇਂ ਪਿੰਡਾਂ 'ਤੇ ਫ਼ਤਿਹ ਪ੍ਰਾਪਤ ਕਰਦੇ ਸਨ? 2

6. ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ ਇੱਕ ਕਹਾਣੀ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ : 6

(ੳ) ਅੰਗ-ਸੰਗ https://www.punjabboardonline.com (ਵਰਿਆਮ ਸੰਧੂ)

(ਅ) ਧਰਤੀ ਹੇਠਲਾ ਬਲ਼ਦ (ਕੁਲਵੰਤ ਸਿੰਘ ਵਿਰਕ)

7. ਕਹਾਣੀਆਂ ਦੇ ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕੋਈ ਦੋ ਪ੍ਰਸ਼ਨਾਂ ਦੇ ਉੱਤਰ ਆਪਣੀ ਪਾਠ-ਪੁਸਤਕ ਦੇ ਆਧਾਰ 'ਤੇ ਲਿਖੋ : $2 \times 2 = 4$

(ੳ) ਲੇਖਕ, ਮਾਲਕ ਤੋਂ ਤਨਖ਼ਾਹ ਵਧਾਉਣ ਦੀ ਮੰਗ ਤੋਂ ਸੰਕੋਚ ਕਿਉਂ ਕਰ ਰਿਹਾ ਸੀ? 2

(ਅ) ਬੰਮ ਬਹਾਦਰ ਨੇ ਪੈਰਾਂ ਦੇ ਸੰਗਲ਼ ਤੋੜ ਕੇ ਕੀ ਤਬਾਹੀ ਕੀਤੀ? 2

(ੲ) ਪਿਤਾ ਦੇ ਜੇਲ੍ਹ ਜਾਣ 'ਤੇ ਲਾਜ ਨੇ ਆਪਣੀ ਭੂਆ ਵੀਰਾਂ ਵਾਲੀ ਨੂੰ ਕੀ ਕਿਹਾ? 2

(ਸ) ਰਸ਼ੀਦ ਗੁਆਂਢੀ ਮੁੰਡੇ ਨਾਲ਼ ਪਤੰਗ ਉਡਾਉਣ ਦੀ ਰੀਝ ਕਿਵੇਂ ਪੂਰੀ ਕਰਦਾ ਹੈ? 2



www.mseducationtv.com
Scanned with OKEN Scanner

8. ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਪਾਤਰ ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ : 5

(ੳ) ਵੀਰਾਂ ਵਾਲੀ (ਇਕਾਂਗੀ : ਬੰਬ-ਕੇਸ)

(ਅ) ਔਰੰਗਜ਼ੇਬ (ਇਕਾਂਗੀ : ਜ਼ਫ਼ਰਨਾਮਾ)

9. ਹੇਠ ਲਿਖੀਆਂ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ : $3 \times 2 = 6$

(ੳ) "ਮੈਂ ਤੇਰੇ ਜਜ਼ਬਿਆਂ ਦੀ ਕਦਰ ਕਰਨਾ ਹਾਂ, ਨੌਜਵਾਨਾਂ ਵਿੱਚ ਇਹੋ-ਜਿਹਾ ਹੀ ਵਿਸ਼ਵਾਸ ਹੋਣਾ ਚਾਹੀਦਾ ਹੈ।"

ਪ੍ਰਸ਼ਨ :

(i) ਇਹ ਵਾਰਤਾਲਾਪ ਕਿਸ ਇਕਾਂਗੀ ਵਿੱਚੋਂ ਲਈ ਹੈ? 2

(ii) ਇਸ ਇਕਾਂਗੀ ਦੇ ਇਕਾਂਗੀਕਾਰ ਦਾ ਕੀ ਨਾਂ ਹੈ? 2

(iii) ਇਹ ਸ਼ਬਦ ਕੌਣ, ਕਿਸ ਨੂੰ ਕਹਿੰਦਾ ਹੈ? 2

(ਅ) "ਦੁਖੀ ਤਾਂ ਹੈ, ਪਰ ਗੱਲ ਕੀ ਐ? ਦੁਖੀ ਦਾ ਤਾਂ ਮੈਨੂੰ ਪਤਾ ਈ ਐ। ਜਗੀਰਦਾਰਾਂ ਦੇ ਘਰ ਧੀ ਵਿਆਹ ਕੇ ਤੂੰ ਸੁੱਖ ਦੀ ਆਸ ਰੱਖੀ ਹੋਣੀ ਐਂ?"

ਪ੍ਰਸ਼ਨ :

(i) ਇਹ ਸ਼ਬਦ ਕੌਣ, ਕਿਸ ਨੂੰ ਕਹਿੰਦਾ ਹੈ? 2

(ii) ਗੁਰਦਿੱਤ ਸਿੰਘ ਨੂੰ ਕਿਸ ਗੱਲ ਦਾ ਪਤਾ ਹੈ? 2

(iii) ਗੁਰਦਿੱਤ ਸਿੰਘ ਅਨੁਸਾਰ ਉਸ ਦੀ ਧੀ ਦੇ ਦੁਖੀ ਹੋਣ ਦਾ ਕੀ ਕਾਰਨ ਹੈ? 2

10. ਨਾਵਲ 'ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਪਾਤਰ ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ : 5

(ੳ) ਬੰਤਾ

(ਅ) ਇਨਸਪੈਕਟਰ

250926

---



www.mseducationtv.com
Scanned with OKEN Scanner